# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :20-09-2025**

## <u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ</u>

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ -ਦੇਸ਼ ਦੀ ਖੁਸ਼ਹਾਲੀ ਅਤੇ ਵਿਕਾਸ ਲਈ ਆਤਮ -ਨਿਰਭਰਤਾ ਮਹੱਤਵਪੂਰਨ ਏ ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਹੜ੍ਹ ਪੀੜਤਾਂ ਲਈ ਰਾਹਤ ਸਮੱਗਰੀ ਦੇ ਸੱਤ ਟਰੱਕਾਂ ਨੂੰ ਰਵਾਨਾ ਕੀਤਾ - ਕੁਦਰਤੀ ਆਫ਼ਤਾ ਦੌਰਾਨ ਪੰਜਾਬੀਆਂ ਦੀ ਦ੍ਰਿੜ ਸੇਵਾ ਭਾਵਨਾ ਦੀ ਕੀਤੀ ਸ਼ਲਾਘਾ।
- ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਪਟਿਆਲਾ ਜ਼ਿਲ੍ਹੇ ’ਚ ਵਾਇਰਸ ਪ੍ਰਭਾਵਿਤ ਝੋਨੇ ਦੀ ਫ਼ਸਲ ਦਾ ਜਾਇਜ਼ਾ - ਖੇਤੀਬਾੜੀ ਵਿਭਾਗ ਦੇ ਮਾਹਰਾਂ ਨੂੰ ਕਾਰਨਾਂ ਦੀ ਵਿਸਥਾਰ ਨਾਲ ਜਾਂਚ ਦੇ ਦਿਤੇ ਨਿਰਦੇਸ਼ ।

- ਚੰਡੀਗੜ੍ਹ ਪ੍ਰਸ਼ਾਸਨ ਵਲੋਂ ਬਜ਼ੁਰਗਾਂ ਲਈ ਮੈਡੀਕਲ ਸੇਵਾਵਾਂ ਘਰ ਤਕ ਪਹੁੰਚਾਉਣ ਦੀ ਸ਼ੁਰੂਆਤ ।
- ਏਸ਼ੀਆ ਕੱਪ ਕ੍ਰਿਕਟ ਦੇ ਸੁਪਰ-4 ਗੇੜ ਵਿੱਚ, ਅੱਜ ਸ੍ਰੀਲੰਕਾ ਦਾ ਮੁਕਾਬਲਾ ਬੰਗਲਾਦੇਸ਼ ਨਾਲ ਹੋਵੇਗਾ ।

## ਹੁਣ ਖਬਰਾਂ ਵਿਸਥਾਰ ਨਾਲ

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਹਰ ਖੇਤਰ ਵਿੱਚ ਆਤਮ ਨਿਰਭਰਤਾ ਦਾ ਸੱਦਾ ਦਿੰਦੇ ਹੋਏ ਕਿਹਾ ਕਿ ਭਾਰਤ ਦੀ ਵਿਦੇਸ਼ੀ ਦੇਸ਼ਾਂ 'ਤੇ ਨਿਰਭਰਤਾ ਇਸ ਦੇ ਸਭ ਤੋਂ ਵੱਡੇ ਦੁਸ਼ਮਣਾਂ ਵਿੱਚੋਂ ਇੱਕ ਏ । ਉਨ੍ਹਾਂ ਕਿਹਾ ਕਿ ਸਮਾਂ ਆ ਗਿਆ ਏ ਕਿ ਭਾਰਤ 2047 ਤੱਕ ਵਿਕਸਤ ਭਾਰਤ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਇੱਕ ਆਤਮ -ਨਿਰਭਰ ਰਾਸ਼ਟਰ ਵਜੋਂ ਦੁਨੀਆ ਦੇ ਸਾਹਮਣੇ ਖੜ੍ਹਾ ਹੋਵੇ।

BYTE

ਪ੍ਰਧਾਨ ਮੰਤਰੀ ਅੱਜ ਭਾਵਨਗਰ ਵਿੱਚ "ਸਮੁੰਦਰ ਸੇ ਸਮ੍ਰਿੱਧੀ" ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਭਾਰਤ ਨੂੰ ਸਮੁੰਦਰੀ ਮਹਾਂਸ਼ਕਤੀ ਬਣਾਉਣ ਦੇ ਆਪਣੀ ਸਰਕਾਰ ਦੇ ਦ੍ਰਿਸ਼ਟੀਕੋਣ ਬਾਰੇ ਬੋਲਦਿਆਂ, ਪ੍ਰਧਾਨ ਮੰਤਰੀ

ਨੇ ਕਿਹਾ ਕਿ ਦੇਸ਼ ਦਾ ਟੀਚਾ 2047 ਤੱਕ ਵਿਸ਼ਵ ਸਮੁੰਦਰੀ ਵਪਾਰ ਵਿੱਚ ਆਪਣੇ ਹਿੱਸੇ ਨੂੰ ਤਿੰਨ ਗੁਣਾ ਕਰਨ ਦਾ ਏ।

-------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ 75ਵੇਂ ਜਨਮਦਿਨ ਨੂੰ ਮਨਾਉਣ ਲਈ, ਰਾਸ਼ਟਰੀ ਪੁਰਸਕਾਰ ਜੇਤੂ ਫਿਲਮ "ਚਲੋ ਜੀਤੇ ਹੈਂ" ਦੇਸ਼ ਭਰ ਦੇ ਲੱਖਾਂ ਸਕੂਲਾਂ ਅਤੇ ਲਗਭਗ 500 ਸਿਨੇਮਾਘਰਾਂ ਵਿੱਚ ਦਿਖਾਈ ਜਾ ਰਹੀ ਏ। ਇਹ ਫਿਲਮ ਪ੍ਰਧਾਨ ਮੰਤਰੀ ਮੋਦੀ ਦੇ ਬਚਪਨ ਦੀ ਇੱਕ ਘਟਨਾ ਤੋਂ ਪ੍ਰੇਰਿਤ ਏ। ਇਸ ਤਹਿਤ ਲੁਧਿਆਣਾ ਦੇ ਲੋਕਾਂ ਨੇ ਕਿਹਾ ਕਿ ਇਸ ਫਿਲਮ ਨੂੰ ਵੇਖ ਕੇ ਉਹਨਾਂ ਨੂੰ ਬਹੁਤ ਪ੍ਰੇਰਨਾ ਮਿਲੀ ਏ।

Byte

-------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅੱਜ ਜਲੰਧਰ ਦੇ ਬਾਬਾ ਮੋਹਨ ਦਾਸ ਆਸ਼ਰਮ ਤੋਂ ਹੜ੍ਹ ਪੀੜਤ ਪਰਿਵਾਰਾਂ ਲਈ ਰਾਹਤ ਸਮੱਗਰੀ ਦੇ 7 ਟਰੱਕਾਂ ਨੂੰ ਹਰੀ ਝੰਡੀ ਵਿਖਾ ਕੇ ਰਵਾਨਾ ਕੀਤਾ। ਇਸ ਮੌਕੇ ਬੋਲਦਿਆਂ ਰਾਜਪਾਲ ਨੇ ਕਿਹਾ ਕਿ ਹਾਲ ਹੀ ਵਿੱਚ ਆਏ ਹੜ੍ਹਾਂ

ਦੌਰਾਨ ਪੰਜਾਬ ਸਭ ਤੋਂ ਵੱਧ ਪ੍ਰਭਾਵਿਤ ਸੂਬਾ ਏ , ਪਰ ਪੰਜਾਬੀਆਂ ਦੀ ਔਖੀ ਘੜੀ ਵਿੱਚ ਲੋੜਵੰਦਾਂ ਦੀ ਸਹਾਇਤਾ ਕਰਨ ਦੀ ਦ੍ਰਿੜ ਭਾਵਨਾ ਨੇ ਹਮੇਸ਼ਾਂ ਦੀ ਤਰ੍ਹਾਂ ਮਾਨਵਤਾ ਦੀ ਸੇਵਾ ਵਿੱਚ ਨਵੀਂ ਮਿਸਾਲ ਕਾਇਮ ਕੀਤੀ ਏ। ਉਨ੍ਹਾਂ ਕਿਹਾ ਕਿ ਕੁਦਰਤੀ ਆਫ਼ਤਾ ਦੌਰਾਨ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਇਸ ਔਖੀ ਘੜੀ ਵਿਚੋਂ ਬਾਹਰ ਕੱਢਣ ਲਈ  ਮਾਨਵਤਾ ਦਾ ਸਮੁੰਦਰ ਇਕਜੁੱਟ ਹੋ ਕੇ ਖੜ੍ਹ ਗਿਆ।  ਇਸ ਮੌਕੇ ਰਾਜਪਾਲ ਵਲੋਂ ਬਾਬਾ ਮੋਹਨ ਦਾਸ ਟਰੱਸਟ ਵਲੋਂ ਪਾਏ ਜਾ ਰਹੇ ਵੱਡਮੁੱਲੇ ਯੋਗਦਾਨ ਦੀ ਵੀ ਸ਼ਲਾਘਾ ਕੀਤੀ ਗਈ, ਜਿਨ੍ਹਾਂ ਵਲੋਂ ਅੱਜ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਰਾਹਤ ਸਮੱਗਰੀ ਦੇ 7 ਟਰੱਕ ਭੇਜੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਿੱਖਿਆ ਅਤੇ ਧਰਮ ਦੇ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਪਾਉਣ ਤੋਂ ਇਲਾਵਾ ਟਰੱਸਟ ਹਮੇਸ਼ਾਂ ਹੀ ਮਨੁੱਖਤਾ ਦੀ ਸੇਵਾ ਲਈ ਮੋਹਰੀ ਹੋ ਕੇ ਅੱਗੇ ਆਇਆ ਹੈ।  ਇਸ ਤੋਂ ਪਹਿਲਾਂ ਜਲੰਧਰ ਪ੍ਰਸ਼ਾਸਨ ਵਲੋਂ ਆਸ਼ਰਮ ਵਿਖੇ ਪਹੁੰਚਣ ’ਤੇ ਰਾਜਪਾਲ ਜੀ ਦਾ ਸਵਾਗਤ ਕੀਤਾ ਗਿਆ।  ਉਨ੍ਹਾਂ ਦੇ ਨਾਲ ਪੰਜਾਬ ਸੈਰ-ਸਪਾਟਾ ਅਤੇ ਸਭਿਆਚਾਰਕ ਮਾਮਲਿਆਂ ਦੇ ਸਲਾਹਕਾਰ ਦੀਪਕ ਬਾਲੀ, ਡਿਪਟੀ ਕਮਿਸ਼ਨਰ ਡਾ.ਹਿਮਾਂਸ਼ੂ

ਅਗਰਵਾਲ, ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਅਤੇ ਧਾਰਮਿਕ ਆਗੂ ਵੀ ਮੌਜੂਦ ਸਨ।

-------------------------------------------------

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਹਲਕਾ ਦਿੜ੍ਹਬਾ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਦੇ ਵਸਨੀਕਾਂ ਨੂੰ ਮੈਡੀਕਲ ਸੇਵਾਵਾਂ ਪ੍ਰਦਾਨ ਕਰਨ ਲਈ ਸੰਗਰੂਰ ਤੋਂ ਤਿੰਨ ਐਂਬੂਲੈਂਸਾਂ ਨੂੰ ਝੰਡੀ ਦਿਖਾ ਕੇ ਰਵਾਨਾ ਕੀਤਾ । ਪ੍ਰਭਾਵਿਤ ਇਲਾਕਿਆਂ ਦੇ ਲੋਕਾਂ ਨੂੰ ਸਿਹਤ ਸਹੂਲਤਾਂ ਮੁਹਈਆ ਕਰਵਾਉਣ ਦੇ ਹੁਕਮ ਦਿੰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਡਾਕਟਰਾਂ, ਨਰਸਾਂ ਅਤੇ ਫਾਰਮਾਸਿਸਟਾਂ ਨਾਲ ਲੈਸ ਐਂਬੂਲੈਂਸਾਂ ਹੜ੍ਹ ਤੋਂ ਬਾਅਦ ਦੀਆਂ ਸਿਹਤ ਚੁਣੌਤੀਆਂ ਦਾ ਹੱਲ ਕਰਨਗੀਆਂ ਅਤੇ ਲੋਕਾਂ ਨੂੰ ਪਾਣੀ ਤੋਂ ਪੈਦਾ ਹੋਣ ਵਾਲੀਆਂ ਅਤੇ ਹੋਰ ਬਿਮਾਰੀਆਂ ਤੋਂ ਬਚਾਉਣਗੀਆਂ। ਉਨ੍ਹਾਂ ਕਿਹਾ ਕਿ ਇਨ੍ਹਾਂ ਐਂਬੂਲੈਂਸਾਂ ਰਾਹੀਂ ਅਗਲੇ 15 ਦਿਨਾਂ ਲਈ ਮੁਫ਼ਤ ਡਾਕਟਰੀ ਜਾਂਚ ਅਤੇ ਦਵਾਈਆਂ ਪ੍ਰਦਾਨ ਕੀਤੀਆਂ ਜਾਣਗੀਆਂ, ਅਤੇ ਗੰਭੀਰ ਮਾਮਲਿਆਂ ਵਿੱਚ, ਮਰੀਜ਼ਾਂ ਨੂੰ ਅਗਲੇ ਇਲਾਜ ਲਈ ਨੇੜਲੇ ਸਿਹਤ ਕੇਂਦਰਾਂ ਵਿੱਚ ਭੇਜਿਆ ਜਾਵੇਗਾ। ਰੰਗਲਾ ਪੰਜਾਬ ਚੜ੍ਹਦੀ ਕਲਾ

ਫੰਡ ਇਕੱਤਰ ਕਰਨ ਦੀ ਮੁਹਿੰਮ ਨੂੰ ਸਫ਼ਲ ਕਰਾਰ ਦਿੰਦੇ ਹੋਏ, ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਦੁਨੀਆ ਭਰ ਦੇ ਪੰਜਾਬੀਆਂ ਵੱਲੋਂ ਦਿੱਤੇ ਜਾ ਰਹੇ ਭਾਰੀ ਯੋਗਦਾਨ ਨੇ ਆਮ ਸਥਿਤੀ ਬਹਾਲ ਕਰਨ ਦੇ ਯਤਨਾਂ ਨੂੰ ਮਜ਼ਬੂਤੀ ਦਿੱਤੀ ਏ। ਇਨ੍ਹਾਂ ਮੁਸ਼ਕਲ ਸਮਿਆਂ ਵਿੱਚ ਮਦਦ ਕਰਨ ਲਈ ਪ੍ਰਵਾਸੀ ਭਾਰਤੀਆਂ ਦਾ ਧੰਨਵਾਦ ਕੀਤਾ।

-----------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਸਾਲ ਆਜ਼ਾਦੀ ਦਿਵਸ ਦੇ ਆਪਣੇ ਭਾਸ਼ਣ ਵਿੱਚ, ਆਮ ਲੋਕਾਂ 'ਤੇ ਆਰਥਿਕ ਬੋਝ ਨੂੰ ਘੱਟ ਕਰਨ ਲਈ, ਦੇਸ਼ ਦੀ ਟੈਕਸ ਪ੍ਰਣਾਲੀ ਵਿੱਚ ਸੁਧਾਰਾਂ ਦਾ ਐਲਾਨ ਕੀਤਾ। ਨਵੀਆਂ ਦਰਾਂ ਸੋਮਵਾਰ ਤੋਂ ਲਾਗੂ ਹੋਣਗੀਆਂ। ਅੱਜ, ਅਸੀਂ ਇਲੈਕਟ੍ਰਾਨਿਕਸ ਉਪਕਰਣਾਂ ਦੇ ਖੇਤਰ 'ਤੇ ਇਨ੍ਹਾਂ ਸੁਧਾਰਾਂ ਦੇ ਸੰਭਾਵੀ ਪ੍ਰਭਾਵ ਬਾਰੇ ਚਰਚਾ ਕਰਦੇ ਹਾਂ।

V/C

ਸਰਕਾਰ ਨੇ ਘਰੇਲੂ ਇਲੈਕਟ੍ਰਾਨਿਕ ਵਸਤਾਂ 'ਤੇ ਜੀਐਸਟੀ ਦਰਾਂ ਘਟਾ ਕੇ ਇਲੈਕਟ੍ਰਾਨਿਕਸ ਸਨਅਤ ਲਈ ਵੱਡੀ ਰਾਹਤ ਦਾ ਐਲਾਨ ਕੀਤਾ ਏ। Electric Accumulators 'ਤੇ ਟੈਕਸ ਦਰਾਂ 28 ਫ਼ੀਸਦੀ ਤੋਂ ਘਟਾ ਕੇ 18 ਫ਼ੀਸਦੀ ਕਰ ਦਿੱਤੀਆਂ ਗਈਆਂ ਨੇ, ਜਿਸ ਨਾਲ ਡਿਜੀਟਲ ਡਿਵਾਈਸਾਂ ਅਤੇ ਛੋਟੇ ਉਪਕਰਣਾਂ ਲਈ ਬੈਕਅੱਪ ਪਾਵਰ ਤੱਕ ਪਹੁੰਚ ਵਧ ਗਈ ਏ। Composting ਮਸ਼ੀਨਾਂ 'ਤੇ ਟੈਕਸ ਦਰ,

12 ਫ਼ੀਸਦੀ ਤੋਂ ਘਟਾ ਕੇ 5 ਫ਼ੀਸਦੀ ਕਰ ਦਿੱਤੀ ਗਈ ਏ, ਜਿਸ ਨਾਲ ਕੰਪੋਸਟਿੰਗ ਤਕਨਾਲੋਜੀ ਵਧੇਰੇ ਕਿਫਾਇਤੀ ਹੋ ਗਈ ਏ। ਇਸ ਕਦਮ ਨਾਲ ਰਹਿੰਦ-ਖੂੰਹਦ ਤੋਂ ਊਰਜਾ ਅਤੇ ਜੈਵਿਕ ਰਹਿੰਦ-ਖੂੰਹਦ ਪ੍ਰਬੰਧਨ ਹੱਲਾਂ ਨੂੰ ਵਿਆਪਕ ਰੂਪ ਵਿੱਚ, ਅਪਣਾਉਣ ਨੂੰ ਉਤਸ਼ਾਹਿਤ ਕਰਨ ਦੀ ਉਮੀਦ ਏ। ਇਸੇ ਤਰ੍ਹਾਂ, Two-Way ਰੇਡੀਓ 'ਤੇ ਟੈਕਸ ਦਰਾਂ ਨੂੰ ਵੀ 12 ਫ਼ੀਸਦੀ ਤੋਂ ਘਟਾ ਕੇ, 5 ਫ਼ੀਸਦੀ ਕਰ ਦਿੱਤਾ ਗਿਆ ਏ, ਜਿਸ ਨਾਲ ਪੁਲਿਸ ਬਲਾਂ, ਅਰਧ ਸੈਨਿਕ ਇਕਾਈਆਂ ਅਤੇ ਰੱਖਿਆ ਅਦਾਰਿਆਂ ਲਈ ਖਰੀਦ ਲਾਗਤ ਘਟੀ ਏ। ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰਾਂ ਤਹਿਤ, ਇਸ ਤਰਕਸੰਗਤੀਕਰਨ ਨਾਲ ਇਲੈਕਟ੍ਰਾਨਿਕ ਵਸਤਾਂ ਦੇ ਪਹੁੰਚਯੋਗ ਅਤੇ ਕਿਫਾਇਤੀ ਹੋਣ ਅਤੇ ਘਰੇਲੂ ਉਤਪਾਦਕਾਂ ਲਈ ਬਾਜ਼ਾਰ ਦਾ ਵਿਸਥਾਰ ਹੋਣ ਦੀ ਉਮੀਦ ਏ। ਬਿਊਰੋ ਰਿਪੋਰਟ ਨਾਲ ਜਲੰਧਰ ਤੋਂ ਅਕਸ਼ਵਾਨੀ ਖਬਰਾਂ ਲਈ ਮੈਂ ਕਾਜਲ

---------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਖੇਤੀਬਾੜੀ ਵਿਭਾਗ ਦੇ ਮਾਹਰਾਂ ਦੀ ਟੀਮ ਨਾਲ ਪਟਿਆਲਾ ਜ਼ਿਲ੍ਹੇ ਦੇ ਪਿੰਡਾਂ ਲੰਗ ਲਚਕਾਣੀ ਸਮੇਤ ਵੱਖ ਵੱਖ ਪਿੰਡ ਦਾ ਦੌਰਾ ਕਰਕੇ ਪ੍ਰਭਾਵਿਤ ਝੋਨੇ ਦੀ ਫ਼ਸਲ ਦਾ ਨਿਰੀਖਣ ਕੀਤਾ। ਉਨ੍ਹਾਂ ਕਿਸਾਨਾਂ ਨਾਲ ਗੱਲਬਾਤ ਕਰਕੇ ਕਿਹਾ ਕਿ ਇਸ ਵਾਇਰਸ ਨਾਲ ਪ੍ਰਭਾਵਿਤ ਫ਼ਸਲ ਸਬੰਧੀ ਉਨ੍ਹਾਂ ਵੱਲੋਂ ਮੁੱਖ ਮੰਤਰੀ ਅਤੇ ਖੇਤੀਬਾੜੀ ਮੰਤਰੀ ਨਾਲ ਵੀ ਗੱਲ ਕੀਤੀ ਗਈ ਏ ਤਾਂ ਜੋ ਇਸ ਦਾ ਢੁਕਵਾਂ ਹੱਲ ਕਰਕੇ ਕਿਸਾਨਾਂ ਦੀ ਹਰ ਸੰਭਵ ਮਦਦ ਕੀਤੀ ਜਾ ਸਕੇ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਪਟਿਆਲਾ ਜ਼ਿਲ੍ਹੇ ’ਚ ਲਗਭਗ 8 ਹਜ਼ਾਰ ਏਕੜ ਝੋਨੇ ਦੀ ਫ਼ਸਲ ਇਸ

ਵਾਇਰਸ ਤੇ ਹਲਦੀ ਰੋਗ ਨਾਲ ਪ੍ਰਭਾਵਿਤ ਹੋਈ ਏ । ਉਨ੍ਹਾਂ ਨੇ ਖੇਤੀਬਾੜੀ ਵਿਭਾਗ ਦੇ ਮਾਹਰਾਂ ਨੂੰ ਹਦਾਇਤ ਕੀਤੀ ਕਿ ਕਾਰਨਾਂ ਦੀ ਵਿਸਥਾਰ ਨਾਲ ਜਾਂਚ ਕੀਤੀ ਜਾਵੇ ਅਤੇ ਫ਼ੌਰੀ ਰਾਹਤ ਲਈ ਕਦਮ ਚੁੱਕੇ ਜਾਣ ਤਾਂ ਜੋ ਵਾਇਰਸ ਹੋਰ ਨਾ ਫੈਲੇ। ਖੇਤੀਬਾੜੀ ਵਿਭਾਗ ਦੇ ਮਾਹਰਾਂ ਦੇ ਹਵਾਲੇ ਨਾਲ ਉਨ੍ਹਾਂ ਕਿਹਾ ਕਿ ਇਸ ਵਾਰ 25 ਜੂਨ ਤੋਂ ਪਹਿਲਾਂ ਲਗਾਏ ਗਏ ਝੋਨੇ, ਖ਼ਾਸ ਕਰਕੇ ਪੀਆਰ 131, 132 ਅਤੇ ਪੀਆਰ 114 ਵਰਗੀਆਂ ਕਿਸਮਾਂ, ਇਸ ਬਿਮਾਰੀ ਨਾਲ ਵੱਧ ਪ੍ਰਭਾਵਿਤ ਹੋਈਆਂ ਹਨ। ਛੂਠੀ ਕਾਂਗਿਆਰੀ ਤੋਂ ਪ੍ਰਭਾਵਿਤ ਬੂਟੇ ਬੌਣੇ (ਮਧਰੇ) ਰਹਿ ਜਾਂਦੇ ਨੇ , ਠੀਕ ਤਰ੍ਹਾਂ ਵਧ ਨਹੀਂ ਸਕਦੇ ਅਤੇ ਉਨ੍ਹਾਂ ਵਿੱਚ ਦਾਣਾ ਨਹੀਂ ਬਣਦਾ। ਉਨ੍ਹਾਂ ਨੇ ਇਹ ਵੀ ਕਿਹਾ ਕਿ ਇਸ ਵਾਰ ਵੱਧ ਬਰਸਾਤ ਅਤੇ ਨਮੀ ਕਾਰਨ ਵਾਇਰਸ ਤੇ ਹਲਦੀ ਰੋਗ ਦੇ ਫੈਲਾਅ ਵਿੱਚ ਵਾਧਾ ਹੋਇਆ ਏ । ਕਿਸਾਨਾਂ ਨੂੰ ਤੁਰੰਤ ਕਦਮ ਚੁੱਕਣ ਲਈ ਸਲਾਹ ਦਿੰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਮਾਹਰਾਂ ਨੇ ਖੇਤਾਂ ਵਿਚੋਂ ਵੱਧ ਪਾਣੀ ਕੱਢਣ, ਜ਼ਿੰਕ ਦੀ ਖ਼ੁਰਾਕ ਦੇਣ ਅਤੇ ਚਿੱਟੀ ਪਿੱਠ ਵਾਲੇ ਟਿੱਡੇ ’ਤੇ ਕਾਬੂ ਪਾਉਣ ਲਈ ਕੀਟਨਾਸ਼ਕ ਛਿੜਕਾਅ ਕਰਨ ਦੀ ਸਿਫ਼ਾਰਸ਼ ਕੀਤੀ ਏ ਕਿਉਂਕਿ ਇਹ

ਕੀੜਾ ਵਾਇਰਸ ਨੂੰ ਸਿਹਤਮੰਦ ਪੌਦਿਆਂ ਵਿੱਚ ਫੈਲਾਉਂਦਾ ਏ ਜੋ ਹਵਾ ਨਾਲ ਅੱਗੇ ਵਧਦਾ ਏ।

-----------------------------------------------------------

ਸਾਬਕਾ ਰਾਜ ਸਭਾ ਮੈਂਬਰ ਸ਼ਵੇਤ ਮਲਿਕ ਨੇ ਕਿਹਾ ਕਿ ਕੇਂਦਰ ਸਰਕਾਰ ਦੇ ਵੱਲੋਂ ਸਮਾਰਟ ਸਿਟੀ ਦੇ ਤਹਿਤ ਅੰਮ੍ਰਿਤਸਰ ਦੇ ਵਿੱਚ ਲਗਭਗ 2000 ਕਰੋੜ ਰੁਪਏ ਦਾ  ਵਿਕਾਸ ਕਰਵਾਇਆ ਗਿਆ ਅੱਜ ਅੰਮ੍ਰਿਤਸਰ ਵਿਚ ਪ੍ਰੈਸ ਕਾਨਫਰੰਸ, ਦੌਰਾਨ ਮੀਡੀਆ ਦੇ ਨਾਲ ਗੱਲਬਾਤ ਕਰਦੇ ਹੋਏ ਸਾਬਕਾ ਰਾਜ ਸਭਾ ਮੈਂਬਰ ਨੇ ਕਿਹਾ ਕਿ

BYTE

-----------------------------------------------------------

ਚੰਡੀਗੜ੍ਹ ਪ੍ਰਸ਼ਾਸਨ ਵਲੋਂ  80 ਸਾਲ ਤੋਂ ਵੱਧ ਉਮਰ ਦੇ ਬਜ਼ੁਰਗ ਮਰੀਜ਼ਾਂ ਜਾਂ ਬਿਸਤਰੇ 'ਤੇ ਪਏ ਕਮਜ਼ੋਰ ਮਰੀਜ਼ਾਂ ਲਈ ਘਰ-ਘਰ ਮੈਡੀਕਲ ਸਿਹਤ ਸੰਭਾਲ ਉਪਲਬਧ ਕਰਵਾਉਣ ਲਈ ਇੱਕ ਸਮਰਪਿਤ ਐਂਬੂਲੈਂਸ ਅਤੇ ਮੈਡੀਕਲ ਟੀਮ ਦੀ ਨਿਯੁਕਤੀ ਕੀਤੀ ਗਈ ਏ।

ਇਸ ਵਿਸ਼ੇਸ਼ ਪਹਿਲ ਦਾ ਉਦੇਸ਼ ਬਜ਼ੁਰਗ ਮਰੀਜ਼ਾਂ ਨੂੰ ਸਿਹਤ ਸੇਵਾ ਸਿੱਧੇ ਉਨ੍ਹਾਂ ਦੇ ਘਰ ਤੱਕ ਪਹੁੰਚਾਉਣਾ ਏ ਜਿਸ ਨਾਲ ਉਨ੍ਹਾਂ ਨੂੰ ਸਮੇਂ 'ਤੇ ਮੈਡੀਕਲ ਸਹਾਇਤਾ,ਸੁਵਿਧਾ ਅਤੇ ਸਨਮਾਨ ਮਿਲ ਸਕੇ। ਇਹ ਐਂਬੂਲੈਂਸ ਸੇਵਾ ਸੋਮਵਾਰ ਤੋਂ ਸ਼ਨੀਵਾਰ ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਉਪਲਬਧ ਰਹੇਗੀ। ਹਰੇਕ ਟੀਮ, ਜਿਸ ਵਿੱਚ ਇੱਕ ਡਾਕਟਰ, ਇੱਕ ਨਰਸ ਅਤੇ ਇੱਕ ਪੈਰਾਮੈਡਿਕ ਸ਼ਾਮਲ ਹੋਣਗੇ, ਰੋਜ਼ਾਨਾ 5-6 ਮਰੀਜ਼ਾਂ ਨੂੰ ਮਿਲ ਸਕਣਗੇ। ਇਨ੍ਹਾਂ ਵਿਜ਼ਿਟਸ ਦੇ ਦੌਰਾਨ ਮਰੀਜ਼ਾਂ ਦੀ ਡਾਕਟਰੀ ਜਾਂਚ, ਸਲਾਹ, ਮੁੱਢਲਾ ਇਲਾਜ ਅਤੇ ਜ਼ਰੂਰਤ ਅਨੁਸਾਰ ਦਵਾਈਆਂ ਉਪਲਬਧ ਕਰਵਾਈਆਂ ਜਾਣਗੀਆਂ। ਗੰਭੀਰ ਬਿਮਾਰੀ ਦੀ ਸਥਿਤੀ ਵਿੱਚ ਮਰੀਜ਼ ਨੂੰ ਸਿਹਤ ਸੰਸਥਾ ਵਿੱਚ ਭਰਤੀ ਵੀ ਕਰਵਾਇਆ ਜਾਵੇਗਾ। ਬਜ਼ੁਰਗ ਨਾਗਰਿਕ ਜਾਂ ਉਨ੍ਹਾਂ ਦੇ ਪਰਿਵਾਰਕ ਮੈਂਬਰ 0172-278-24-57 ਜਾਂ 0172-275-20-43 'ਤੇ ਕਾਲ ਕਰਕੇ ਸਲਾਟ ਬੁੱਕ ਕਰ ਸਕਦੇ ਨੇ ।

---------------------------------------------------------

ਏਸ਼ੀਆ ਕੱਪ ਕ੍ਰਿਕਟ ਦੇ ਸੁਪਰ 4 ਗੇੜ ਵਿੱਚ, ਅੱਜ ਸ਼੍ਰੀਲੰਕਾ ਦਾ

ਮੁਕਾਬਲਾ ਬੰਗਲਾਦੇਸ਼ ਨਾਲ ਹੋਵੇਗਾ। ਇਹ ਮੈਚ ਭਾਰਤੀ ਸਮੇਂ ਅਨੁਸਾਰ ਰਾਤ 8 ਵਜੇ ਦੁਬਈ 'ਚ ਖੇਡਿਆ ਜਾਵੇਗਾ। ਬੀਤੀ ਰਾਤ ਭਾਰਤ ਨੇ ਆਪਣੇ ਆਖਰੀ ਗਰੁੱਪ ਏ ਮੈਚ ਵਿੱਚ ਓਮਾਨ ਨੂੰ 21 ਦੌੜਾਂ ਨਾਲ ਹਰਾਇਆ।

-----------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ -ਦੇਸ਼ ਦੀ ਖੁਸ਼ਹਾਲੀ ਅਤੇ ਵਿਕਾਸ ਲਈ ਆਤਮ -ਨਿਰਭਰਤਾ ਮਹੱਤਵਪੂਰਨ ਏ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਹੜ੍ਹ ਪੀੜਤਾਂ ਲਈ ਰਾਹਤ ਸਮੱਗਰੀ ਦੇ ਸੱਤ ਟਰੱਕਾਂ ਨੂੰ ਰਵਾਨਾ ਕੀਤਾ - ਕੁਦਰਤੀ ਆਫ਼ਤਾ ਦੌਰਾਨ ਪੰਜਾਬੀਆਂ ਦੀ ਦ੍ਰਿੜ ਸੇਵਾ ਭਾਵਨਾ ਦੀ ਕੀਤੀ ਸ਼ਲਾਘਾ।
- ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਪਟਿਆਲਾ ਜ਼ਿਲ੍ਹੇ 'ਚ ਵਾਇਰਸ ਪ੍ਰਭਾਵਿਤ ਝੋਨੇ ਦੀ ਫ਼ਸਲ ਦਾ ਜਾਇਜ਼ਾ - ਖੇਤੀਬਾੜੀ ਵਿਭਾਗ ਦੇ ਮਾਹਰਾਂ ਨੂੰ ਕਾਰਨਾਂ ਦੀ ਵਿਸਥਾਰ ਨਾਲ ਜਾਂਚ ਦੇ ਦਿਤੇ ਨਿਰਦੇਸ਼।

- ਚੰਡੀਗੜ੍ਹ ਪ੍ਰਸ਼ਾਸਨ ਵਲੋਂ ਬਜ਼ੁਰਗਾਂ ਲਈ ਮੈਡੀਕਲ ਸੇਵਾਵਾਂ ਘਰ ਤਕ ਪਹੁੰਚਾਉਣ ਦੀ ਸ਼ੁਰੂਆਤ ।
- ਏਸ਼ੀਆ ਕੱਪ ਕ੍ਰਿਕਟ ਦੇ ਸੁਪਰ-4 ਗੇੜ ਵਿੱਚ, ਅੱਜ ਸ਼੍ਰੀਲੰਕਾ ਦਾ ਮੁਕਾਬਲਾ ਬੰਗਲਾਦੇਸ਼ ਨਾਲ ਹੋਵੇਗਾ।

---

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**